ਮਸਤ ਬਾਪੂ ਸੇਵਾ ਦਾਸ ਕੁੱਲੀ ਵਾਲਿਆਂ ਦੀ ਯਾਦ 'ਚ ਸ੍ਰੀ ਗੁਰੂ ਰਵਿਦਾਸ ਕਮਿਊਨਿਟੀ ਹਾਲ ਝਿੰਗੜਾਂ ਵਿਖੇ ਅੱਖਾਂ ਦਾ ਜਾਂਚ ਕੈਂਪ ਲਗਾਇਆ

*ਮਨੁੱਖਤਾ ਦੇ ਭਲੇ ਲਈ ਅੱਖਾਂ ਦਾ ਮੁਫ਼ਤ ਕੈਂਪ ਲਗਾਉਣਾ ਸ਼ਲਾਘਾਯੋਗ-ਡਾ. ਸੁੱਖੀ

ਅੱਖਾਂ ਦੇ ਜਾਂਚ ਕੈਂਪ ਦਾ ਉਦਘਾਟਨ ਕਰਦੇ ਹੋਏ ਹਲਕਾ ਬੰਗਾ ਦੇ ਵਿਧਾਇਕ ਡਾ. ਸੁਖਵਿੰਦਰ ਸੁੱਖੀ ਅਤੇ ਅੱਖਾਂ ਦੇ ਮਾਹਰ ਡਾਕਟਰ ਦੇਵ ਅਸ਼ੀਸ਼ ਸੇਠ ਬੰਗਾ ਵਾਲਿਆਂ ਨੂੰ ਸਨਮਾਨਿਤ ਕਰਦੇ ਹੋਏ ਪ੍ਰਬੰਧਕ ਸੁੱਚਾ ਸਿੰਘ ਝਿੰਗੜ ਐਲ. ਆਈ. ਸੀ., ਸਕੱਤਰ ਜਸਵਿੰਦਰ ਸਿੰਘ ਢੰਡਾ, ਨਿਰਮਲ ਸਿੰਘ ਢੰਡਾ, ਸ਼ਮਸ਼ੇਰ ਸਿੰਘ ਜੈਕਸਨ, ਅਸ਼ੋਕ ਕੁਮਾਰ ਤੇ ਹੋਰ।

ਔੜ/ਝਿੰਗੜਾਂ, 19 ਅਕਤੂਬਰ (ਕੁਲਦੀਪ ਸਿੰਘ ਝਿੰਗੜ)-ਮਸਤ ਬਾਪੂ ਸੇਵਾ ਦਾਸ ਕੁੱਲੀ ਵਾਲਿਆਂ ਦੀ 25ਵੀਂ ਸਾਲਾਨਾ ਬਰਸੀ ਨੂੰ ਸਮਰਪਿਤ ਮਸਤ ਬਾਪੂ ਸੇਵਾ ਦਾਸ ਦੇ ਸੇਵਾਦਾਰਾਂ ਵਲੋਂ ਨਗਰ ਨਿਵਾਸੀਆਂ ਤੇ ਡਾ. ਸੇਠ ਆਈ ਹਸਪਤਾਲ ਮਕੰਦਪੁਰ ਰੋਡ ਬੰਗਾ ਦੇ ਸਹਿਯੋਗ ਨਾਲ ਸ੍ਰੀ ਗੁਰੂ ਰਵਿਦਾਸ ਕਮਿਊਨਿਟੀ ਹਾਲ ਪਿੰਡ ਝਿੰਗੜਾਂ ਵਿਖੇ ਅੱਖਾਂ ਦੀ ਜਾਂਚ ਤੇ ਆਪ੍ਰੇਸ਼ਨ ਕੈਂਪ ਲਗਾਇਆ, ਜਿਸ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਪੁੱਜੇ ਵਿਧਾਨ ਸਭਾ ਹਲਕਾ ਬੰਗਾ ਦੇ ਵਿਧਾਇਕ ਡਾ. ਸੁਖਵਿੰਦਰ ਸੁੱਖੀ ਵਲੋਂ ਕੀਤਾ। ਉਨ੍ਹਾਂ ਆਖਿਆ ਕਿ ਮਸਤ ਬਾਪੂ ਸੇਵਾ ਦਾਸ ਕੁੱਲੀ ਵਾਲਿਆਂ ਦੇ ਸੇਵਾਦਾਰਾਂ ਵਲੋਂ ਮਨੁੱਖਤਾ ਦੀ ਭਲਾਈ ਵਾਸਤੇ ਲਗਾਏ ਮੁਫ਼ਤ ਅੱਖਾਂ ਦੇ ਜਾਂਚ ਤੇ ਆਪ੍ਰੇਸ਼ਨ ਕੈਂਪ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਸਮਾਜ ਸੇਵੀ ਸੱਜਣਾਂ ਤੇ ਬਾਪੂ ਸੇਵਾ ਦਾਸ ਦੇ ਸੇਵਾਦਾਰਾਂ ਵਲੋਂ ਆਪਣੀ ਕਿਰਤ ਕਮਾਈ ਦਾ ਦਸਵੰਧ ਕੱਢ ਕੇ ਲੋੜਵੰਦਾਂ ਦੇ ਭਲੇ ਵਿਚ ਲਗਾ ਕੇ ਆਪਣੀ ਕਮਾਈ ਨੂੰ ਸਫਲ ਬਣਾਉਂਦੇ ਹਨ ਤੇ ਉਹ ਸੇਵਾਦਾਰ ਵੀ ਭਾਗਾਂ ਵਾਲੇ ਹੁੰਦੇ ਹਨ ਜੋ ਆਪਣੇ ਸੰਤ ਮਹਾਂਪੁਰਸ਼ਾਂ ਦੀ ਨਿੱਘੀ ਯਾਦ ਵਿਚ ਇਹ ਸਮਾਜ ਭਲਾਈ ਦੇ ਕੰਮ ਕਰਦੇ ਹਨ। ਇਸ ਮੌਕੇ ਅੱਖਾਂ ਦੇ ਮਾਹਰ ਡਾਕਟਰ ਦੇਵ ਅਸ਼ੀਸ਼ ਸੇਠ ਬੰਗਾ ਵਾਲਿਆਂ ਵਲੋਂ ਲੋਕਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ, ਜਿਸ 'ਚ 20 ਦੇ ਕਰੀਬ ਮਰੀਜ ਆਪ੍ਰੇਸ਼ਨ ਯੋਗ ਪਾਏ ਗਏ। ਲੋੜਵੰਦਾਂ ਨੂੰ ਐਨਕਾਂ ਤੇ ਦਵਾਈਆਂ ਦਿੱਤੀਆਂ ਗਈਆਂ। ਪ੍ਰਬੰਧਕ ਸੁੱਚਾ ਸਿੰਘ ਝਿੰਗੜ ਐਲ. ਆਈ. ਸੀ., ਜਸਵਿੰਦਰ ਸਿੰਘ ਢੰਡਾ ਸਕੱਤਰ ਸਹਿਕਾਰੀ ਸਭਾ, ਨਿਰਮਲ ਸਿੰਘ ਢੰਡਾ ਸੀਨੀਅਰ ਮੀਤ ਪ੍ਰਧਾਨ ਸਹਿਕਾਰੀ ਸਭਾ, ਸ਼ਮਸ਼ੇਰ ਸਿੰਘ ਜੈਕਸਨ, ਅੰਮ੍ਰਿਤਪਾਲ ਸਿੰਘ ਆਦਿ ਵਲੋਂ ਮੁੱਖ ਮਹਿਮਾਨ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ, ਅੱਖਾਂ ਦੇ ਮਾਹਰ ਡਾਕਟਰ ਦੇਵ ਅਸ਼ੀਸ਼ ਸੇਠ ਬੰਗਾ ਤੇ ਸਹਿਯੋਗੀ ਸੱਜਣਾਂ ਵਲੋਂ ਸਹਿਯੋਗ ਦੇਣ 'ਤੇ ਧੰਨਵਾਦ ਕਰਦਿਆਂ ਉਨ੍ਹਾਂ ਨੂੰ ਸਨਮਾਨਿਤ ਕੀਤਾ। ਉਨ੍ਹਾਂ ਦੱਸਿਆ ਕਿ ਇਸ ਕੈਂਪ 'ਚ 150 ਦੇ ਕਰੀਬ ਕਰੀਬ ਲੋਕਾਂ ਨੇ ਫਾਇਦਾ ਲਿਆ, ਜਿਨ੍ਹਾਂ 'ਚੋਂ 20 ਦੇ ਕਰੀਬ ਮਰੀਜ਼ ਅਪ੍ਰੇਸ਼ਨ ਯੋਗ ਪਾਏ ਗਏ, ਜਿਨ੍ਹਾਂ ਦੇ 26 ਅਕਤੂਬਰ ਨੂੰ ਸੇਠ ਆਈ ਹਸਪਤਾਲ ਮੁਕੰਦਪੁਰ ਰੋਡ ਬੰਗਾ ਵਿਖੇ ਆਪ੍ਰੇਸ਼ਨ ਕੀਤੇ ਜਾਣਗੇ। ਇਸ ਮੌਕੇ ਮਨਪ੍ਰੀਤ ਕੌਰ ਪੰਚ, ਮਹਿੰਦਰ ਪਾਲ ਢੰਡਾ, ਅੰਮ੍ਰਿਤਪਾਲ ਸਿੰਘ, ਚਰਨਜੀਤ ਸਿੰਘ, ਸਰਬਣ ਸਿੰਘ ਬਿੱਟੂ, ਅਸ਼ੋਕ ਕੁਮਾਰ, ਮੰਗਤ ਰਾਏ, ਪ੍ਰਵੀਨ ਕੁਮਾਰੀ, ਪ੍ਰਭ ਰੱਲ੍ਹ, ਰੁਪਿੰਦਰ ਕੌਰ, ਹਰਵਿੰਦਰ ਕੌਰ, ਪ੍ਰਿਅੰਕਾ, ਜੀਤ ਰਾਮ, ਵਿਨੋਦ ਕੁਮਾਰ, ਜੀਤ ਰਾਮ, ਮਹਿੰਦਰ ਸਿੰਘ, ਦਿਆਲ ਢੰਡਾ, ਮੱਖਣ ਸਿੰਘ ਕਲਸੀ, ਅਵਤਾਰ ਸਿੰਘ, ਸ਼ਿੰਗਾਰਾ ਸਿੰਘ ਢੰਡਾ, ਗਿਆਨ ਸਿੰਘ, ਲਛਮਣ ਦਾਸ, ਜਗਤਾਰ ਸਿੰਘ, ਮਲਕੀਤ ਸਿੰਘ ਢੰਡਾ, ਸੁਰਜੀਤ ਸਿੰਘ, ਕੁਲਵੰਤ ਸਿੰਘ, ਮਹਿੰਦਰ ਰਾਮ, ਅਮਰੀਕ ਸਿੰਘ ਢੰਡਾ, ਭੋਲਾ ਆਦਿ ਹਾਜ਼ਰ ਸਨ।

ਡੈਰਿਕ ਇੰਟਰਨੈਸ਼ਨਲ ਸਕੂਲ ਬੰਗਾ ਵਿਖੇ ਦੀਵਾਲੀ ਮੌਕੇ ਕਰਵਾਏ ਸਮਾਗਮ ਦਾ ਦ੍ਰਿਸ਼।

ਡੈਰਿਕ ਇੰਟਰਨੈਸ਼ਨਲ ਸਕੂਲ ਬੰਗਾ 'ਚ ਦੀਵਾਲੀ ਦਾ ਤਿਉਹਾਰ ਮਨਾਇਆ

ਬੰਗਾ, 19 ਅਕਤੂਬਰ (ਕੁਲਦੀਪ ਸਿੰਘ ਪਾਬਲਾ)-ਡੈਰਿਕ ਇੰਟਰਨੈਸ਼ਨਲ ਸਕੂਲ ਬੰਗਾ 'ਚ ਦੀਵਾਲੀ (ਰੌਸ਼ਨੀ ਦੇ ਤਿਉਹਾਰ) ਨੂੰ ਵੱਡੇ ਉਤਸ਼ਾਹ, ਖੁਸ਼ੀ ਤੇ ਆਧਿਆਤਮਿਕ ਭਾਵਨਾ ਨਾਲ ਮਨਾਇਆ। ਪੂਰਾ ਸਕੂਲ ਖੁਸ਼ੀ, ਏਕਤਾ ਤੇ ਰੰਗਾਂ ਦੀ ਚਮਕ ਨਾਲ ਰੌਸ਼ਨ ਹੋ ਗਿਆ। ਸਕੂਲ ਦਾ ਹਰ ਕੋਨਾ ਖਿੜਿਆ ਹੋਇਆ ਸੀ ਕਿਉਂਕਿ ਸਾਰੀਆਂ ਜਮਾਤਾਂ ਨੂੰ ਰੰਗ-ਬਿਰੰਗੀਆਂ ਰੰਗੋਲੀਆਂ ਤੇ ਵਿਦਿਆਰਥੀਆਂ ਦੁਆਰਾ ਬਣਾਈਆਂ ਸਜਾਵਟਾਂ ਨਾਲ ਸਜਾਇਆ ਗਿਆ ਸੀ। ਵਿਦਿਆਰਥੀਆਂ ਦੀ ਰਚਨਾਤਮਕਤਾ ਤੇ ਉਤਸ਼ਾਹ ਨੇ ਪੂਰੇ ਮਹੌਲ ਨੂੰ ਪ੍ਰਕਾਸ਼ਮਾਨ ਕਰ ਦਿੱਤਾ। ਇਸ ਮੌਕੇ ਇੰਟਰ ਹਾਊਸ ਤੇ ਕਲੱਬ ਮੁਕਾਬਲੇ ਵੀ ਕਰਵਾਏ ਗਏ, ਜਿਨ੍ਹਾਂ ਵਿਚ ਦੀਵਾਲੀ ਸੰਬੰਧੀ ਮਾਡਲ ਤੇ ਰੰਗੋਲੀ ਮੁਕਾਬਲੇ ਨੇ ਸਭ ਦਾ ਮਨ ਮੋਹ ਲਿਆ। ਸਮਾਗਮ ਸ਼ੁਰੂਆਤ ਸਕੂਲ ਦੇ ਪ੍ਰਿੰਸੀਪਲ ਨੀਨਾ ਭਾਰਦਵਾਜ ਤੇ ਮੈਨੇਜਮੈਂਟ ਮੈਂਬਰਾਂ ਦੇ ਸ਼ਾਨਦਾਰ ਸਵਾਗਤ ਨਾਲ ਹੋਈ। ਇਸ ਤੋਂ ਬਾਅਦ ਦੀਪ ਪ੍ਰਜਵਲਨ ਤੇ ਗਣੇਸ਼ ਵੰਦਨਾ ਨਾਲ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ, ਜੋ ਕਿ ਅੰਧਕਾਰ 'ਤੇ ਪ੍ਰਕਾਸ਼ ਤੇ ਅਗਿਆਨਤਾ 'ਤੇ ਗਿਆਨ ਦੀ ਜਿੱਤ ਦਾ ਪ੍ਰਤੀਕ ਸੀ। ਸੱਭਿਆਚਾਰਕ ਪ੍ਰੋਗਰਾਮ ਦੀ ਸ਼ੁਰੂਆਤ ਜਮਾਤ ਬਾਰ੍ਹਵੀਂ ਦੀ ਮਿਸ ਹਰਨੀਤ ਕੌਰ ਦੇ ਸੁੰਦਰ ਭਾਸ਼ਨ ਨਾਲ ਹੋਈ। ਇਸ ਤੋਂ ਬਾਅਦ ਜਮਾਤ ਪੰਜਵੀਂ ਦੇ ਵਿਦਿਆਰਥੀਆ ਨੇ ਗੀਤ ਪੇਸ਼ ਕਰਕੇ ਸਭ ਦਾ ਦਿਲ ਜਿੱਤ ਲਿਆ। ਜਮਾਤ ਚੌਥੀ ਦੇ ਵਿਦਿਆਰਥੀਆਂ ਨੇ ਖੁਸ਼ੀ ਭਰਪੂਰ ਨਾਚ ਪੇਸ਼ ਕੀਤਾ। ਜਮਾਤ ਦਸਵੀਂ ਦੀ ਮਿਸ ਐਸ਼ਵੀਤ ਰਾਏ ਨੇ ਦੀਵਾਲੀ 'ਤੇ ਸੁੰਦਰ ਕਵਿਤਾ ਪੇਸ਼ ਕੀਤੀ। ਅਯੋਧਿਆ ਰਿਟਰਨਜ਼ ਤੇ ਰਾਜ ਤਿਲਕ 'ਤੇ ਅਧਾਰਿਤ ਨਾਟਕ ਨੇ ਦਰਸ਼ਕਾਂ ਨੂੰ ਪ੍ਰਭਾਵਿਤ ਕੀਤਾ। ਸਕੂਲ ਦੇ ਪ੍ਰਿੰਸਿਪਲ ਨੀਨਾ ਭਾਰਦਵਾਜ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਮਿਹਨਤ ਤੇ ਪ੍ਰਦਰਸ਼ਨ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਕਿਹਾ ਕਿ ਦੀਵਾਲੀ ਸਿਰਫ਼ ਦੀਵਿਆਂ ਦਾ ਤਿਉਹਾਰ ਨਹੀਂ, ਸਗੋਂ ਇਹ ਸਾਨੂੰ ਆਪਣੇ ਜੀਵਨ ਵਿਚ ਅੰਧਕਾਰ ਨੂੰ ਦੂਰ ਕਰਕੇ ਗਿਆਨ, ਪਿਆਰ ਤੇ ਨਿਮਰਤਾ ਦਾ ਪ੍ਰਕਾਸ਼ ਫੈਲਾਉਣ ਦੀ ਪ੍ਰੇਰਨਾ ਦਿੰਦੀ ਹੈ।

ਸਰਕਾਰੀ ਪ੍ਰਾਇਮਰੀ ਸਕੂਲ ਪੋਜੇਵਾਲ ਵਿਖੇ ਹਲਕਾ ਵਿਧਾਇਕਾ ਸੰਤੋਸ਼ ਕਟਾਰੀਆ ਬੱਚਿਆਂ ਨੂੰ ਵਰਦੀਆਂ ਤੇ ਹੋਰ ਸਮਗਰੀ ਭੇਟ ਕਰਦੇ ਨਾਲ ਸਟਾਫ਼ ਤੇ ਪਿੰਡ ਵਾਸੀ। ਤਸਵੀਰ : ਬੂਥਗੜ੍ਹੀਆ

ਕਟਾਰੀਆ ਪਰਿਵਾਰ ਨੇ ਬੱਚਿਆਂ ਨੂੰ ਵਰਦੀਆਂ ਤੇ ਬੂਟ ਵੰਡੇ

ਪੋਜੇਵਾਲ ਸਰਾਂ, 19 ਅਕਤੂਬਰ (ਬੂਥਗੜ੍ਹੀਆ)-ਵਿਧਾਨ ਸਭਾ ਹਲਕਾ ਬਲਾਚੌਰ ਦੇ ਪਿੰਡ ਪੋਜੇਵਾਲ ਵਿਖੇ ਸਵ. ਰਾਮ ਕਿਸ਼ਨ ਕਟਾਰੀਆ ਸਾਬਕਾ ਵਿਧਾਇਕ ਦੀ ਯਾਦ ਵਿਚ ਇਕ ਵਿਸ਼ੇਸ਼ ਸਮਾਗਮ ਕਰਵਾਇਆ। ਕਟਾਰੀਆ ਪਰਿਵਾਰ ਵਲੋਂ ਸਰਕਾਰੀ ਸਕੂਲ 'ਚ 75 ਲੋੜਵੰਦ ਬੱਚਿਆਂ ਨੂੰ ਵਰਦੀਆਂ, ਜਰਸੀਆਂ ਤੇ ਬੂਟ ਵੰਡੇ ਗਏ। ਇਸ ਮੌਕੇ ਹਲਕਾ ਵਿਧਾਇਕਾ ਬਲਾਚੌਰ ਸੰਤੋਸ਼ ਕਟਾਰੀਆ ਤੇ ਸੀਨੀਅਰ ਆਗੂ ਅਸ਼ੋਕ ਕਟਾਰੀਆ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਹਲਕਾ ਵਿਧਾਇਕਾ ਸੰਤੋਸ਼ ਕਟਾਰੀਆ ਨੇ ਬੱਚਿਆਂ ਤੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਵ. ਰਾਮ ਕਿਸ਼ਨ ਕਟਾਰੀਆ ਦੀ ਯਾਦ ਵਿਚ ਉਨ੍ਹਾਂ ਦੀ ਬਰਸੀ ਮੌਕੇ ਹਰ ਸਾਲ ਸਕੂਲੀ ਬੱਚਿਆਂ ਨੂੰ ਲੋੜੀਂਦਾ ਸਾਮਾਨ ਉਪਲਬਧ ਕਰਵਾਇਆ ਜਾਵੇਗਾ। ਉਨ੍ਹਾਂ ਇਸ ਨੇਕ ਕਾਰਜ ਵਿਚ ਸਹਿਯੋਗ ਦੇਣ ਲਈ ਸਮੂਹ ਹਾਜ਼ਰੀਨ ਦਾ ਧੰਨਵਾਦ ਕੀਤਾ। ਜ਼ਿਕਰਯੋਗ ਹੈ ਕਿ ਸਵ. ਰਾਮ ਕ੍ਰਿਸ਼ਨ ਕਟਾਰੀਆ ਸਾਬਕਾ ਵਿਧਾਇਕ ਨੂੰ ਹਲਕਾ ਬਲਾਚੌਰ ਵਿਚ ਸਿੱਖਿਆ ਕ੍ਰਾਂਤੀ ਦੇ ਮਸੀਹੇ ਦੇ ਤੌਰ 'ਤੇ ਵੀ ਜਾਣਿਆ ਜਾਂਦਾ ਹੈ, ਜਿਨ੍ਹਾਂ ਨੇ ਆਪਣੇ ਕਾਰਜਕਾਲ ਵਿਚ ਪਿਛੜੇ ਹੋਏ ਹਲਕੇ ਵਿਚ ਸਿੱਖਿਆ ਦੇ ਮਿਆਰ ਨੂੰ ਨਵੇਂਦਿਆ ਸਕੂਲ ਤੇ ਸਰਕਾਰੀ ਕਾਲਜ ਪੋਜੇਵਾਲ ਵਿਖੇ ਬਣਵਾ ਕੇ ਉੱਚਾ ਚੁੱਕਿਆ। ਕਟਾਰੀਆ ਪਰਿਵਾਰ ਦੇ ਇਸ ਉਪਰਾਲੇ ਦੀ ਸਕੂਲ ਕਮੇਟੀ ਤੇ ਪਿੰਡ ਵਾਸੀਆਂ ਵਲੋਂ ਭਰਪੂਰ ਪ੍ਰਸ਼ੰਸਾ ਕੀਤੀ ਗਈ। ਉਨ੍ਹਾਂ ਵਲੋਂ ਕਟਾਰੀਆ ਪਰਿਵਾਰ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਵੀ ਕੀਤਾ। ਇਸ ਮੌਕੇ ਸੁਦੇਸ਼ ਕੁਮਾਰ ਕਾਲਾ, ਮਦਨ ਲਾਲ ਕਟਾਰੀਆ, ਹੁਸਨ ਲਾਲ ਬਲਾਕ ਪ੍ਰਧਾਨ, ਸਤਨਾਮ ਸਿੰਘ ਸਰਪੰਚ, ਪਵਨ ਕੁਮਾਰ ਗੀਠੂ, ਪਵਨ ਕੁਮਾਰ ਸਰਪੰਚ, ਦੇਵ ਰਾਜ ਨੰਬਰਦਾਰ, ਸਤਪਾਲ ਕਟਾਰੀਆ, ਰਾਮ ਨਾਥ ਨੰਬਰਦਾਰ, ਪ੍ਰੇਮ ਚੰਦ ਪ੍ਰਧਾਨ, ਚਾਨਣ ਰਾਮ, ਹਰੀ ਕਿਸ਼ਨ, ਜਸਪਾਲ ਕਟਾਰੀਆ, ਸੁਰਿੰਦਰ ਚਿੜੀ, ਵਿਜੇ ਕੁਮਾਰ ਕਾਲਾ, ਪ੍ਰੇਮ ਚੰਦ ਪੰਚ, ਪੰਮੀ ਸਰਪੰਚ, ਸੋਹਣ ਲਾਲ, ਸੋਨੂੰ, ਸਤਪਾਲ, ਮਾਸਟਰ ਸਤੀਸ਼ ਕੁਮਾਰ, ਹਰਮੇਸ਼ ਲਾਲ ਹੈੱਡ ਟੀਚਰ ਅਤੇ ਸਮੂਹ ਸਕੂਲ ਸਟਾਫ਼ ਸਮੇਤ ਵੱਡੀ ਗਿਣਤੀ ਵਿਚ ਪਿੰਡ ਵਾਸੀ ਹਾਜ਼ਰ ਸਨ।

ਭਗਤ ਸਿੰਘ ਸੁਸਾਇਟੀ ਵਲੋਂ ਜਬਰ ਜਨਾਹ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਨੂੰਨ ਬਣਾਉਣ ਦੀ ਮੰਗ

*ਚੀਫ ਜਸਟਿਸ ਸੁਪਰੀਮ ਕੋਰਟ ਨੂੰ ਭੇਜਿਆ ਜਾ ਰਿਹਾ ਮੰਗ ਪੱਤਰ-ਅਮਰਜੀਤ ਕਰਨਾਣਾ

ਸ਼ਹੀਦ ਭਗਤ ਸਿੰਘ ਸ਼ੋਸ਼ਲ ਵੈਲਫੇਅਰ ਐਂਡ ਕਲਚਰਲ ਸੁਸਾਇਟੀ ਪੰਜਾਬ ਦੇ ਪ੍ਰਧਾਨ ਅਮਰਜੀਤ ਕਰਨਾਣਾ ਸੁਪਰੀਮ ਕੋਰਟ ਦਿੱਲੀ ਦੇ ਐਡਵੋਕੇਟ ਲਲਿਤ ਪ੍ਰਧਾਨ ਨਾਲ ਮੁਲਾਕਾਤ ਕਰਨ ਸਮੇਂ। ਅਜੀਤ ਤਸਵੀਰ

ਬੰਗਾ, 19 ਅਕਤੂਬਰ (ਸੁਰਿੰਦਰ ਸਿੰਘ ਕਰਮ)-ਪੰਜਾਬ ਦੀ ਨਾਮੀ ਐਨ. ਜੀ. ਓ. ਸ਼ਹੀਦ ਭਗਤ ਸਿੰਘ ਸ਼ੋਸ਼ਲ ਵੈਲਫੇਅਰ ਐਂਡ ਕਲਚਰਲ ਸੁਸਾਇਟੀ ਪੰਜਾਬ ਦੇ ਪ੍ਰਧਾਨ ਅਮਰਜੀਤ ਕਰਨਾਣਾ ਨੇ ਇਥੇ ਪੱਤਰਕਾਰਾਂ ਨਾਲ ਵਿਚਾਰ ਸਾਂਝੇ ਕਰਦੇ ਹੋਏ ਭਾਰਤ ਸਰਕਾਰ ਤੇ ਚੀਫ ਜਸਟਿਸ ਸੁਪਰੀਮ ਕੋਰਟ ਤੋਂ ਪੁਰਜ਼ੋਰ ਮੰਗ ਕਰਦਿਆਂ ਜਬਰ ਜਨਾਹ ਕਰਨ ਵਾਲਿਆਂ ਨੂੰ ਤੁਰੰਤ ਸਜ਼ਾ ਦੇਣ ਹਿੱਤ ਅਰਬ ਦੇਸ਼ਾਂ ਵਰਗਾ ਸਖ਼ਤ ਕਾਨੂੰਨ ਬਣਾਉਣ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਸੰਬੰਧੀ ਉਨ੍ਹਾਂ ਸੀਨੀਅਰ ਐਡਵੋਕੇਟ ਸੁਪਰੀਮ ਕੋਰਟ ਦਿੱਲੀ ਨਾਲ ਵੀ ਮੀਟਿੰਗ ਕੀਤੀ ਹੈ। ਐਡਵੋਕੇਟ ਲਲਿਤ ਪ੍ਰਧਾਨ ਨੇ ਇਸ ਸੰਬੰਧੀ ਪੂਰਨ ਭਰੋਸਾ ਦਿਵਾਇਆ ਹੈ ਕਿ ਉਹ ਕਾਨੂੰਨ ਬਣਾਉਣ ਹਿੱਤ ਹਰੇਕ ਯਤਨ ਪੂਰੀ ਤਨਦੇਹੀ ਤੇ ਮਜ਼ਬੂਤੀ ਨਾਲ ਕਰਨਗੇ। ਉਨ੍ਹਾਂ ਕਿਹਾ ਕਿ ਛੋਟੀਆਂ ਬੱਚਿਆਂ ਨਾਲ ਦੁਸ਼ਕਰਮ ਕਰਨ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਣਾ ਚਾਹੀਦਾ। ਸਜ਼ਾਵਾਂ ਹੋਣ ਦੇ ਬਾਵਜੂਦ ਲੋਕਾਂ ਦੇ ਦਿਲਾਂ 'ਚ ਇਸ ਕੁਕਰਮ ਤੋਂ ਤੌਬਾ ਕਰਨ ਦਾ ਖਿਆਲ ਨਹੀਂ ਆਉਂਦਾ। ਅਜਿਹੇ ਲੋਕਾਂ ਨੂੰ ਅਰਬ ਦੇਸ਼ ਦੇ ਕਾਨੂੰਨ ਜਿਹਾ ਕਾਨੂੰਨ ਹੀ ਸਬਕ ਸਿਖਾ ਸਕਦਾ ਹੈ।

ਇੰਜੀ. ਗੋਪਾਲ ਕ੍ਰਿਸ਼ਨ ਬੀਸਲਾ ਨੇ ਬੂਟੇ ਵੰਡ ਕੇ ਗਰੀਨ ਦੀਵਾਲੀ ਮਨਾਉਣ ਦਾ ਦਿੱਤਾ ਸੱਦਾ

ਕਟਾਰੀਆਂ, 19 ਅਕਤੂਬਰ (ਪ੍ਰੇਮੀ ਸੰਧਵਾਂ)-ਵੱਖ-ਵੱਖ ਜਥੇਬੰਦੀਆਂ ਤੇ ਪੰਜਾਬ ਸਰਕਾਰ ਵਲੋਂ ਮੁਫ਼ਤ ਬੂਟੇ ਵੰਡਣ ਦੇ ਕਰੀਬ 25 ਸਾਲਾਂ ਤੋਂ ਕਾਰਜ ਕਰ ਰਹੇ ਵਾਤਾਵਰਨ ਪ੍ਰੇਮੀ ਗੋਪਾਲ ਕ੍ਰਿਸ਼ਨ ਬੀਸਲਾ ਸਪੁੱਤਰ ਸਾਬਕਾ ਹੈੱਡ ਮਾਸਟਰ ਗੁਰਦੇਵ ਰਾਮ ਮਹਿੰਮੀ ਨੇ ਦੀਵਾਲੀ ਤੇ ਬੰਦੀ ਛੋੜ ਦਿਵਸ ਦੀ ਖੁਸ਼ੀ 'ਚ ਵੱਖ-ਵੱਖ ਪਿੰਡਾਂ 'ਚ ਵੱਖ-ਵੱਖ ਪ੍ਰਕਾਰ ਦੇ ਮੁਫ਼ਤ ਬੂਟਿਆਂ ਦੀ ਵੰਡ ਕਰਦਿਆਂ ਕਿਹਾ ਕਿ ਹਰ ਇਨਸਾਨ ਨੂੰ ਦੀਵਾਲੀ ਦੇ ਪਵਿੱਤਰ ਤਿਉਹਾਰ 'ਤੇ ਮਹਿੰਗੇ ਭਾਅ ਦੇ ਪਟਾਕੇ ਚਲਾਉਣ ਦੀ ਬਜਾਏ ਦੂਸ਼ਿਤ ਹੋ ਰਹੇ ਵਾਤਾਵਰਨ ਨੂੰ ਸਾਫ਼ ਸੁਥਰਾ ਰੱਖਣ ਲਈ ਵੱਧ ਤੋਂ ਵੱਧ ਬੂਟੇ ਲਗਾਉਣੇ ਚਾਹੀਦੇ ਹਨ ਤਾਂ ਜੋ ਦਿਨੋ ਦਿਨ ਬਦਲਦੇ ਮੌਸਮ ਕਾਰਨ ਫੈਲ ਰਹੀਆਂ ਭਿਆਨਕ ਬਿਮਾਰੀਆਂ ਤੋਂ ਬਚਿਆ ਜਾ ਸਕੇ। ਇਸ ਮੌਕੇ ਬਲਦੀਸ਼ ਕੌਰ, ਸੁਰਿੰਦਰ ਸਿੰਘ, ਸਤਨਾਮ ਸਿੰਘ, ਮਲਕੀਤ ਸਿੰਘ, ਮੈਡਮ ਸੁਖਜੀਤ ਕੌਰ, ਰਾਜ ਕੁਮਾਰ ਆਦਿ ਹਾਜ਼ਰ ਸਨ।

ਪਿੰਡ ਲੋਹਟ ਵਿਖੇ ਡਾ. ਉਜਾਗਰ ਸਿੰਘ ਸੂਰੀ ਦੇ ਸਪੁੱਤਰਾਂ ਅਮਨਦੀਪ ਸਿੰਘ ਸੂਰੀ ਯੂ. ਐਸ. ਏ., ਡਾ. ਭੁਪਿੰਦਰਜੀਤ ਸਿੰਘ ਸੂਰੀ ਤੇ ਹੋਰ ਪਰਿਵਾਰਕ ਮੈਂਬਰਾਂ ਨਾਲ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਕਾਂਗਰਸ ਜ਼ਿਲ੍ਹਾ ਪ੍ਰਧਾਨ ਚੌਧਰੀ ਅਜੇ ਮੰਗੂਪੁਰ ਤੇ ਹਾਜ਼ਰ ਹੋਰ ਵੱਖ-ਵੱਖ ਸ਼ਖ਼ਸੀਅਤਾਂ। ਤਸਵੀਰ : ਨਰੇਸ਼ ਧੌਲ

ਚੌਧਰੀ ਅਜੇ ਮੰਗੂਪੁਰ ਵਲੋਂ ਸੂਰੀ ਪਰਿਵਾਰ ਨਾਲ ਦੁੱਖ ਪ੍ਰਗਟ

ਬਲਾਚੌਰ, 19 ਅਕਤੂਬਰ (ਨਰੇਸ਼ ਧੌਲ)-ਸੂਰੀ ਹਸਪਤਾਲ ਬਲਾਚੌਰ ਦੇ ਮਾਲਕ ਡਾ. ਉਜਾਗਰ ਸਿੰਘ ਸੂਰੀ ਬੀਤੇ ਦਿਨੀਂ ਆਪਣੀ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ ਗੁਰੂ ਚਰਨਾਂ ਵਿਚ ਜਾ ਬਿਰਾਜੇ। ਉਨ੍ਹਾਂ ਦੇ ਬੇਵਕਤ ਅਕਾਲ ਚਲਾਣੇ ਨਾਲ ਜਿਥੇ ਸਮੁੱਚੇ ਇਲਾਕਾ ਵਾਸੀ ਉਨ੍ਹਾਂ ਦੇ ਸਪੁੱਤਰਾਂ ਅਮਨਦ